ਪ੍ਰਭਾਤੀ ਮਹਲਾ ੫ ॥ ਪਾਰਬ੍ਰਹਮੁ ਪ੍ਰਭੁ ਸੁਘੜ ਸੁਜਾਣੁ ॥ ਗੁਰੁ ਪੂਰਾ ਪਾਈਐ ਵਡਭਾਗੀ ਦਰਸਨ ਕਉ ਜਾਈਐ ਕੁਰਬਾਣੁ ॥੧॥ ਰਹਾਉ ॥ ਕਿਲਬਿਖ ਮੇਟੇ ਸਬਦਿ ਸੰਤੋਖੁ ॥ ਨਾਮੁ ਅਰਾਧਨ ਹੋਆ ਜੋਗੁ ॥ ਸਾਧਸੰਗਿ ਹੋਆ ਪਰਗਾਸੁ ॥ ਚਰਨ ਕਮਲ ਮਨ ਮਾਹਿ ਨਿਵਾਸੁ ॥ ੧॥ ਜਿਨਿ ਕੀਆ ਤਿਨਿ ਲੀਆ ਰਾਖਿ ॥ ਪ੍ਰਭੁ ਪੂਰਾ ਅਨਾਥ ਕਾ ਨਾਥੁ ॥ ਜਿਸਹਿ ਨਿਵਾਜੇ ਕਿਰਪਾ ਧਾਰਿ ॥ ਪੂਰਨ ਕਰਮ ਤਾ ਕੇ ਆਚਾਰ ॥੨॥ ਗੁਣ ਗਾਵੈ ਨਿਤ ਨਿਤ ਨਿਤ ਨਵੇ ॥ ਲਖ ਚਉਰਾਸੀਹ ਜੋਨਿ ਨ ਭਵੇ ॥ ਈਹਾਂ ਊਹਾਂ ਚਰਣ ਪੂਜਾਰੇ ॥ ਮੁਖੁ ਊਜਲੁ ਸਾਚੇ ਦਰਬਾਰੇ ॥ ੩॥ ਜਿਸੁ ਮਸਤਕਿ ਗੁਰਿ ਧਰਿਆ ਹਾਥੁ ॥ ਕੋਟਿ ਮਧੇ ਕੋ ਵਿਰਲਾ ਦਾਸੁ ॥ ਜਲਿ ਥਲਿ ਮਹੀਅਲਿ ਪੇਖੈ ਭਰਪੂਰਿ ॥ ਨਾਨਕ ਉਧਰਸਿ ਤਿਸੁ ਜਨ ਕੀ ਧੂਰਿ ॥੪॥੧੦॥ {ਪੰਨਾ 1340}

ਪਦ ਅਰਥ:- ਸੁਘੜ—(suGt—ਸੋਹਣੇ ਹਿਰਦੇ ਵਾਲਾ) ਸੋਹਣੀ ਆਤਮਕ ਘਾੜਤ ਵਾਲਾ। ਸੁਜਾਣੁ—ਸਿਆਣਾ। ਪਾਈਐ—ਮਿਲਦਾ ਹੈ। ਦਰਸਨ ਕਉ—ਦਰਸਨ ਦੀ ਖ਼ਾਤਰ। ਜਾਈਐ ਕੁਰਬਾਣੁ—ਸਦਕੇ ਹੋਣਾ ਚਾਹੀਦਾ ਹੈ, ਆਪਾ ਵਾਰਨਾ ਚਾਹੀਦਾ ਹੈ, ਆਪਣਾ ਆਪ (ਗੁਰੂ ਦੇ) ਹਵਾਲੇ ਕਰ ਦੇਣਾ ਚਾਹੀਦਾ ਹੈ।1। ਰਹਾਉ।

ਕਿਲਬਿਖ—ਪਾਪ। ਮੇਟੇ—(ਗੁਰੂ ਨੇ) ਮਿਟਾ ਦਿੱਤੇ। ਸਬਦਿ—ਸ਼ਬਦ ਦੀ ਰਾਹੀਂ। ਜੋਗੁ—ਲਾਇਕ। ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ। ਪਰਗਾਸੁ—(ਆਤਮਕ ਜੀਵਨ ਦੀ ਸੂਝ ਦਾ) ਚਾਨਣ। ਚਰਨ ਕਮਲ—ਕੌਲ ਫੁੱਲਾਂ ਵਰਗੇ ਸੋਹਣੇ ਚਰਨ।1।

ਜਿਨਿ—ਜਿਸ (ਪਰਮਾਤਮਾ) ਨੇ। ਤਿਨਿ—ਉਸ (ਪਰਮਾਤਮਾ) ਨੇ। ਅਨਾਥ—ਨਿਖਸਮੇ। ਜਿਸਹਿ—ਜਿਸ (ਮਨੁੱਖ) ਨੂੰ (ਲਫ਼ਜ਼ 'ਜਿਸੁ' ਦਾ ੁ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਿਆ ਹੈ)। ਨਿਵਾਜੇ—ਉੱਚਾ ਕਰਦਾ ਹੈ, ਇੱਜ਼ਤ ਦੇਂਦਾ ਹੈ। ਧਾਰਿ—ਧਾਰ ਕੇ, ਕਰ ਕੇ। ਆਚਾਰ—ਕਰਤੱਬ।2।

ਗਾਵੈ—ਗਾਂਦਾ ਹੈ (ਇਕ-ਵਚਨ)। ਈਹਾਂ—ਇਸ ਲੋਕ ਵਿਚ। ਊਹਾਂ—ਪਰਲੋਕ ਵਿਚ। ਊਜਲੁ—ਰੌਸ਼ਨ। ਦਰਬਾਰੇ—ਦਰਬਾਰਿ, ਦਰਬਾਰ ਵਿਚ। ਸਾਚੇ ਦਰਬਾਰੇ—ਸਦਾ-ਥਿਰ ਪ੍ਰਭੂ ਦੇ ਦਰਬਾਰ ਵਿਚ।3।

ਜਿਸੁ ਮਸਤਕਿ—ਜਿਸ (ਮਨੁੱਖ) ਦੇ ਮੱਥੇ ਉੱਤੇ। ਗੁਰਿ—ਗੁਰੂ ਨੇ। ਕੋ—ਕੋਈ (ਪੜਨਾਂਵ)। ਜਲਿ—ਪਾਣੀ ਵਿਚ। ਥਲਿ—ਧਰਤੀ ਦੇ ਅੰਦਰ। ਮਹੀਅਲਿ—ਮਹੀ ਤਲਿ, ਧਰਤੀ ਦੇ ਤਲ ਉੱਤੇ, ਪੁਲਾੜ ਵਿਚ, ਆਕਾਸ਼ ਵਿਚ। ਪੇਖੈ—ਵੇਖਦਾ ਹੈ। ਭਰਪੂਰਿ—ਹਰ ਥਾਂ ਵਿਆਪਕ। ਨਾਨਕ—ਹੇ ਨਾਨਕ! ਉਧਰਸਿ—ਤੂੰ (ਭੀ) ਤਰ ਜਾਹਿੰਗਾ।4।

ਅਰਥ:- ਹੇ ਭਾਈ! ਸੋਹਣੀ ਆਤਮਕ ਘਾੜਤ ਵਾਲਾ ਸਿਆਣਾ ਪ੍ਰਭੂ ਪਾਰਬ੍ਰਹਮ (ਤਦੋਂ ਮਿਲਦਾ ਹੈ, ਜਦੋਂ) ਵੱਡੇ ਭਾਗਾਂ ਨਾਲ ਪੂਰਾ ਗੁਰੂ ਮਿਲ ਪੈਂਦਾ ਹੈ। (ਹੇ ਭਾਈ! ਗੁਰੂ ਦਾ) ਦਰਸਨ ਕਰਨ ਦੀ ਖ਼ਾਤਰ ਆਪਣਾ-ਆਪ (ਗੁਰੂ ਦੇ) ਹਵਾਲੇ ਕਰਨ ਦੀ ਲੋੜ ਹੁੰਦੀ ਹੈ।1। ਰਹਾਉ।

ਹੇ ਭਾਈ! (ਗੁਰੂ ਨੇ ਆਪਣੇ) ਸ਼ਬਦ ਦੀ ਰਾਹੀਂ (ਜਿਸ ਮਨੁੱਖ ਦੇ ਸਾਰੇ) ਪਾਪ ਮਿਟਾ ਦਿੱਤੇ (ਅਤੇ ਉਸ ਨੂੰ) ਸੰਤੋਖ ਬਖ਼ਸ਼ਿਆ, ਉਹ ਮਨੁੱਖ ਪਰਮਾਤਮਾ ਦਾ ਨਾਮ ਸਿਮਰਨ ਜੋਗਾ ਹੋ ਜਾਂਦਾ ਹੈ। ਗੁਰੂ ਦੀ ਸੰਗਤਿ ਵਿਚ (ਰਹਿ ਕੇ ਉਸ ਮਨੁੱਖ ਦੇ ਅੰਦਰ ਆਤਮਕ ਜੀਵਨ ਦੀ ਸੂਝ ਦਾ) ਚਾਨਣ ਹੋ ਜਾਂਦਾ ਹੈ, ਪਰਮਾਤਮਾ ਦੇ ਸੋਹਣੇ ਚਰਨ ਉਸ ਦੇ ਮਨ ਵਿਚ ਟਿਕ ਜਾਂਦੇ ਹਨ।1।

ਹੇ ਭਾਈ! ਜਿਸ (ਪਰਮਾਤਮਾ) ਨੇ (ਮਨੁੱਖ ਨੂੰ) ਪੈਦਾ ਕੀਤਾ ਹੈ (ਜਦੋਂ ਉਹ ਮਨੁੱਖ ਗੁਰੂ ਦੀ ਸਰਨ ਪੈ ਗਿਆ ਤਾਂ) ਉਸ (ਪੈਦਾ ਕਰਨ ਵਾਲੇ ਪ੍ਰਭੂ) ਨੇ (ਉਸ ਨੂੰ ਵਿਕਾਰਾਂ ਤੋਂ) ਬਚਾ ਲਿਆ। ਹੇ ਭਾਈ! ਪ੍ਰਭੂ (ਸਾਰੇ ਗੁਣਾਂ ਨਾਲ) ਪੂਰਨ ਹੈ, ਅਤੇ ਨਿਖਸਮਿਆਂ ਦਾ ਖਸਮ ਹੈ। ਮਿਹਰ ਕਰ ਕੇ ਪਰਮਾਤਮਾ ਜਿਸ (ਮਨੁੱਖ) ਨੂੰ ਇੱਜ਼ਤ ਬਖ਼ਸ਼ਦਾ ਹੈ, ਉਸ

ਮਨੁੱਖ ਦੇ ਸਾਰੇ ਕਰਮ ਸਾਰੇ ਕਰਤੱਬ ਸਫਲ ਹੋ ਜਾਂਦੇ ਹਨ।2।

ਹੇ ਭਾਈ! (ਗੁਰੂ ਦੀ ਸਰਨ ਪੈ ਕੇ ਜਿਹੜਾ ਮਨੁੱਖ) ਸਦਾ ਹੀ ਪਰਮਾਤਮਾ ਦੇ ਗੁਣ ਇਉਂ ਗਾਂਦਾ ਰਹਿੰਦਾ ਹੈ (ਜਿਵੇਂ ਉਹ ਗੁਣ ਉਸ ਦੇ ਵਾਸਤੇ ਅਜੇ) ਨਵੇਂ (ਹਨ, ਜਿਵੇਂ ਪਹਿਲਾਂ ਕਦੇ ਨਾਹ ਵੇਖੀ ਹੋਈ ਚੀਜ਼ ਮਨ ਨੂੰ ਖਿੱਚ ਪਾਂਦੀ ਹੈ), ਉਹ ਮਨੁੱਖ ਚੌਰਾਸੀ ਲੱਖ ਜੂਨਾਂ ਦੇ ਗੇੜ ਵਿਚ ਨਹੀਂ ਭਟਕਦਾ। ਉਸ ਮਨੁੱਖ ਦੀ ਇਸ ਲੋਕ ਅਤੇ ਪਰਲੋਕ ਵਿਚ ਇੱਜ਼ਤ ਹੁੰਦੀ ਹੈ। ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਹਜ਼ੂਰੀ ਵਿਚ ਉਸ ਮਨੁੱਖ ਦਾ ਮੂੰਹ ਰੌਸ਼ਨ ਹੁੰਦਾ ਹੈ।3।

ਹੇ ਭਾਈ! ਗੁਰੂ ਨੇ ਜਿਸ (ਮਨੁੱਖ) ਦੇ ਮੱਥੇ ਉੱਤੇ ਹੱਥ ਰੱਖਿਆ, ਉਹ ਮਨੁੱਖ ਪਰਮਾਤਮਾ ਦਾ ਦਾਸ ਬਣ ਜਾਂਦਾ ਹੈ (ਪਰ ਅਜਿਹਾ ਮਨੁੱਖ) ਕ੍ਰੋੜਾਂ ਵਿਚੋਂ ਕੋਈ ਵਿਰਲਾ ਹੀ ਹੁੰਦਾ ਹੈ। (ਫਿਰ, ਉਹ ਮਨੁੱਖ) ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ (ਹਰ ਥਾਂ) ਪਰਮਾਤਮਾ ਨੂੰ ਵੱਸਦਾ ਵੇਖਦਾ ਹੈ। ਹੇ ਨਾਨਕ! ਅਜਿਹੇ ਮਨੁੱਖ ਦੀ ਚਰਨ-ਧੂੜ ਲੈ ਕੇ ਤੂੰ ਭੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਹਿੰਗਾ।4।10।